(ਵੈੱਬ-ਸਾਈਟ ਰਾਹੀਂ)

**ਪੰਜਾਬ ਸਰਕਾਰ**

**ਸਿੱਖਿਆ ਵਿਭਾਗ**

ਵੱਲ

ਸਮੂਹ ਸਕੂਲ ਮੁੱਖੀ,
ਪੰਜਾਬ।

ਮੀਮੋ ਨੰ: 15/51-2015 ਤੇ (1)/2020549313

ਮਿਤੀ: 06.02.2020

ਵਿਸ਼ਾ:- **ਅਧਿਆਪਕਾਂ ਤੋਂ ਡਾਕ ਦਾ ਕੰਮ ਨਾ ਕਰਵਾਉਣ ਸਬੰਧੀ।**

1.0 ਉਕਤ ਵਿਸ਼ੇ ਵੱਲ ਧਿਆਨ ਦੇਣ ਦੀ ਖੇਚਲ ਕੀਤੀ ਜਾਵੇ ਜੀ।

2.0 ਮੁੱਖ ਦਫ਼ਤਰ ਦੇ ਧਿਆਨ ਵਿੱਚ ਆਇਆ ਹੈ ਕਿ ਕਈ ਸਕੂਲਾਂ ਵਿੱਚ ਕਲਰਕ ਮੌਜੂਦ ਹੋਣ ਦੇ ਬਾਵਜੂਦ ਵੀ ਡਾਕ ਦਾ ਕੰਮ ਕੰਪਿਊਟਰ ਅਧਿਆਪਕਾਂ ਜਾਂ ਦੂਜੇ ਅਧਿਆਪਕਾਂ ਤੋਂ ਕਰਵਾਇਆ ਜਾ ਰਿਹਾ ਹੈ। ਇਸ ਸਬੰਧ ਵਿੱਚ ਪਹਿਲਾਂ ਵੀ ਸਕੂਲ ਮੁਖੀਆਂ ਨੂੰ ਸਲਾਹ ਦਿੱਤੀ ਗਈ ਸੀ ਕਿ ਜਿੱਥੋਂ ਤੱਕ ਸੰਭਵ ਹੋ ਸਕੇ ਡਾਕ ਦਾ ਸਾਰਾ ਕੰਮ ਆਪਣੇ ਸਕੂਲਾਂ ਵਿੱਚ ਮੌਜੂਦ ਕਲਰਕਾਂ ਤੋਂ ਹੀ ਕਰਵਾਇਆ ਜਾਵੇ। ਜੇਕਰ ਸਕੂਲਾਂ ਵਿੱਚ ਕਲਰਕ ਨਹੀਂ ਹੈ ਤਾਂ ਇਹ ਕੰਮ ਕਿਸੇ ਦੂਜੇ ਨਾਨ-ਟੀਚਿੰਗ ਸਟਾਫ਼ ਤੋਂ ਵੀ ਕਰਵਾਇਆ ਜਾ ਸਕਦਾ ਹੈ, ਪ੍ਰੰਤੂ ਅਧਿਆਪਕਾਂ ਨੂੰ ਡਾਕ ਦਾ ਕੰਮ ਨਾ ਦਿੱਤਾ ਜਾਵੇ।

3.0 ਸਮੂਹ ਸਕੂਲ ਮੁਖੀਆਂ ਨੂੰ ਮੁੜ ਲਿਖਿਆ ਜਾਂਦਾ ਹੈ ਕਿ ਇਸ ਸਬੰਧ ਵਿੱਚ ਲੋੜੀਂਦੇ ਪ੍ਰਬੰਧ ਸਕੂਲ ਪੱਧਰ ਤੇ ਹੀ ਇਸ ਤਰੀਕੇ ਨਾਲ ਕੀਤੇ ਜਾਣ ਤਾਂ ਜੋ ਨਾਨ-ਟੀਚਿੰਗ ਸਟਾਫ਼ ਤੋਂ ਡਾਕ ਦਾ ਕੰਮ ਲਿਆ ਜਾ ਸਕੇ। ਅਧਿਆਪਕਾਂ ਨੂੰ ਸਿਰਫ ਬੱਚਿਆਂ ਦੀ ਪੜ੍ਹਾਈ ਵੱਲ ਧਿਆਨ ਦੇਣ ਲਈ ਅਤੇ ਮਿਸ਼ਨ ਸ਼ਤ-ਪ੍ਰਤੀਸ਼ਤ ਲਈ ਪ੍ਰੇਰਿਤ ਕੀਤਾ ਜਾਵੇ।

4.0 ਉਕਤ ਹਦਾਇਤਾਂ ਦੀ ਇੰਨ-ਬਿੰਨ ਪਾਲਣਾ ਕਰਨੀ ਯਕੀਨੀ ਬਣਾਈ ਜਾਵੇ।

**ਸਕੱਤਰ ਸਕੂਲ ਸਿੱਖਿਆ**

ਪਿੱਠ ਅੰਕਣ ਨੰ: ਉਕਤ/49314 ਮਿਤੀ: 06.02.2020

ਉਪਰੋਕਤ ਦਾ ਉਤਾਰਾ ਸਮੂਹ ਜਿਲ੍ਹਾ ਸਿੱਖਿਆ ਅਫ਼ਸਰ (ਸੈ.ਸਿ./ਐ.ਸਿ.) ਨੂੰ ਯੋਗ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ।

**ਸਕੱਤਰ ਸਕੂਲ ਸਿੱਖਿਆ**